ਮਾਰੂ ਮਹਲਾ ੧ ॥ ਹੁਕਮੁ ਭਇਆ ਰਹਣਾ ਨਹੀ ਧੁਰਿ ਫਾਟੇ ਚੀਰੈ ॥ ਏਹੁ ਮਨੁ ਅਵਗਣਿ ਬਾਧਿਆ ਸਹੁ ਦੇਹ ਸ ਰੀਰੈ ॥ ਪੂਰੈ ਗੁਰਿ ਬਖਸਾਈਅਹਿ ਸਭਿ ਗੁਨਹ ਫਕੀਰੈ ॥ ੧॥ ਕਿਉ ਰਹੀਐ ਉਠਿ ਚਲਣਾ ਬੁਝੁ ਸਬਦ ਬੀਚਾਰਾ ॥ ਜਿਸੁ ਤੂ ਮੇਲਹਿ ਸੋ ਮਿਲੈ ਧੁਰਿ ਹੁਕਮੁ ਅਪਾਰਾ ॥ ੧॥ ਰਹਾਉ ॥ ਜਿਉ ਤੂ ਰਾਖਹਿ ਤਿਉ ਰਹਾ ਜੋ ਦੇਹਿ ਸੁ ਖਾਉ ॥ ਜਿਉ ਤੂ ਚਲਾਵਹਿ ਤਿਉ ਚਲਾ ਮੁਖਿ ਅੰਮ੍ਰਿਤ ਨਾਉ ॥ ਮੇਰੇ ਠਾਕੁਰ ਹਥਿ ਵਡਿਆਈਆ ਮੇਲਹਿ ਮਨਿ ਚਾਉ ॥੨॥ ਕੀਤਾ ਕਿਆ ਸਾਲਾਹੀਐ ਕਰਿ ਦੇਖੈ ਸੋਈ ॥ ਜਿਨਿ ਕੀਆ ਸੋ ਮਨਿ ਵਸੈ ਮੈ ਅਵਰੁ ਨ ਕੋਈ ॥ ਸੋ ਸਾਚਾ ਸਾਲਾਹੀਐ ਸਾਚੀ ਪਤਿ ਹੋਈ ॥੩॥ ਪੰਡਿਤੁ ਪੜਿ ਨ ਪਹੁਚਈ ਬਹੁ ਆਲ ਜੰਜਾਲਾ ॥ ਪਾਪ ਪੁੰਨ ਦੁਇ ਸੰਗਮੇ ਖੁਧਿਆ ਜਮਕਾਲਾ ॥ ਵਿਛੋੜਾ ਭਉ ਵੀਸਰੈ ਪੂਰਾ ਰਖਵਾਲਾ ॥੪॥ ਜਿਨ ਕੀ ਲੇਖੈ ਪਤਿ ਪਵੈ ਸੇ ਪੂਰੇ ਭਾਈ ॥ ਪੂਰੇ ਪੂਰੀ ਮਤਿ ਹੈ ਸਚੀ ਵਡਿਆਈ ॥ ਦੇਦੇ ਤੋਟਿ ਨ ਆਵਈ ਲੈ ਲੈ ਥਕਿ ਪਾਈ ॥੫॥ ਖਾਰ ਸਮੁਦ੍ਰੁ ਢੰਢੋਲੀਐ ਇਕੁ ਮਣੀਆ ਪਾਵੈ ॥ ਦੁਇ ਦਿਨ ਚਾਰਿ ਸੁਹਾਵਣਾ ਮਾਟੀ ਤਿਸੁ ਖਾਵੈ ॥ ਗੁਰੁ ਸਾਗਰੁ ਸਤਿ ਸੇਵੀਐ ਦੇ ਤੋਟਿ ਨ ਆਵੈ ॥ ੬॥ ਮੇਰੇ ਪ੍ਰਭ ਭਾਵਨਿ ਸੇ ਊਜਲੇ ਸਭ ਮੈਲੁ ਭਰੀਜੈ ॥ ਮੈਲਾ ਊਜਲੁ ਤਾ ਥੀਐ ਪਾਰਸ ਸੰਗਿ ਭੀਜੈ ॥ ਵੰਨੀ ਸਾਚੇ ਲਾਲ ਕੀ ਕਿਨਿ ਕੀਮਤਿ ਕੀਜੈ॥੭॥ ਭੇਖੀ ਹਾਥ ਨ ਲਭਈ ਤੀਰਥਿ ਨਹੀ ਦਾਨੇ ॥ ਪੂਛਉ ਬੇਦ ਪੜੰਤਿਆ ਮੂਠੀ ਵਿਣੁ ਮਾਨੇ ॥ ਨਾਨਕ ਕੀਮਤਿ ਸੋ ਕਰੇ ਪੂਰਾ ਗੁਰੁ ਗਿਆਨੇ ॥੮॥੬॥ {ਪੰਨਾ 1012}

ਪਦਅਰਥ:- ਭਇਆ—(ਜਦੋਂ) ਹੋ ਜਾਂਦਾ ਹੈ। ਧੁਰਿ—ਧੁਰੋਂ, ਪਰਮਾਤਮਾ ਦੀ ਹਜ਼ੂਰੀ ਤੋਂ। ਚੀਰੀ—ਚਿੱਠੀ। ਫਾਟੇ ਚੀਰੈ—ਜੇ ਚਿੱਠੀ ਪਾਟ ਜਾਏ {ਨੋਟ:- ਸਾਡੇ ਦੇਸ ਦਾ ਰਿਵਾਜ ਹੈ ਕਿ ਕਿਸੇ ਦੀ ਮੌਤ ਦੀ ਖ਼ਬਰ ਭੇਜਣ ਵੇਲੇ ਚਿੱਠੀ ਇਕ ਪਾਸੇ ਵਲੋਂ ਰਤਾ ਕੁ ਪਾੜ ਦੇਈਦੀ ਹੈ}। ਸਹੁ—ਸਹਾਰ। ਦੇਹ—ਸਰੀਰ। ਦੇਹ ਸਰੀਰੈ—ਸਰੀਰ ਉਤੇ। ਗੁਰਿ—ਗੁਰੂ ਦੀ ਰਾਹੀਂ। ਸਭਿ—ਸਾਰੇ। ਗੁਨਹ—ਗੁਨਾਹ, ਪਾਪ। ਬਖਸਾਈਅਹਿ—ਬਖ਼ਸ਼ਾਏ ਜਾਂਦੇ ਹਨ। ਫਕੀਰੈ—ਫ਼ਕੀਰ ਦੇ, ਮੰਗਤੇ ਦੇ, ਉਸ ਮਨੁੱਖ ਦੇ ਜੋ ਪ੍ਰਭੂ ਦੇ ਦਰ ਤੋਂ ਮੇਹਰ ਦੀ ਦਾਤਿ ਮੰਗੇ।1।

ਕਿਉ ਰਹੀਐ—ਨਹੀਂ ਰਹਿ ਸਕੀਦਾ। ਅਪਾਰਾ—ਹੇ ਅਪਾਰ! ਹੇ ਬੇਅੰਤ ਪ੍ਰਭੂ!।1। ਰਹਾਉ।

ਰਹਾ—ਮੈਂ ਰਹਿੰਦਾ ਹਾਂ। ਖਾਉ—ਮੈਂ ਖਾਂਦਾ ਹਾਂ। ਚਲਾ—ਮੈਂ (ਜੀਵਨ-ਰਾਹ ਤੇ) ਤੁਰਦਾ ਹਾਂ। ਮੁਖਿ—ਮੂੰਹ ਵਿਚ (ਪਾਂਦਾ ਹਾਂ)। ਅੰਮ੍ਰਿਤ ਨਾਉ—ਆਤਮਕ ਜੀਵਨ ਦੇਣ ਵਾਲਾ ਨਾਮ। ਹਥਿ—ਹੱਥ ਵਿਚ। ਮਨਿ—ਮਨ ਵਿਚ। ਚਾਉ—ਤਾਂਘ।2।

ਕਰਿ—ਪੈਦਾ ਕਰ ਕੇ। ਦੇਖੈ—ਸੰਭਾਲ ਕਰਦਾ ਹੈ। ਜਿਨਿ—ਜਿਸ ਪਰਮਾਤਮਾ ਨੇ। ਮੈ—ਮੈਨੂੰ।3।

ਆਲ ਜੰਜਾਲਾ—{AwlX—ਘਰ} ਘਰ ਦੇ ਧੰਧੇ। ਦੁਇ—ਦ੍ਵੈ, ਦੁਬਿਧਾ। ਸੰਗਮੇ—ਨਾਲ। ਖੁਧਿਆ—(ਮਾਇਆ ਦੀ) ਭੁੱਖ।4।

ਪਤਿ—ਇੱਜ਼ਤ। ਭਾਈ—ਹੇ ਭਾਈ! ਦੇ—ਦੇ ਕੇ। ਤੋਟਿ—ਘਾਟਾ। ਥਕਿ ਪਾਈ—ਜੀਵ ਥੱਕ ਪੈਂਦਾ ਹੈ।5।

ਖਾਰ—ਖਾਰਾ। ਮਣੀਆ—ਰਤਨ। ਪਾਵੈ—ਲੱਭ ਲਏ। ਤਿਸੁ—ਉਸ (ਮਣੀ) ਨੂੰ। ਗੁਰੁ ਸਾਗਰੁ ਸਤਿ—ਸਤਿਗੁਰੂ ਸਮੁੰਦਰ। ਦੇ—ਦੇਂਦਾ ਹੈ।6।

ਸੇ—ਉਹ ਬੰਦੇ। ਊਜਲੇ—ਪਵਿਤ੍ਰ। ਸਭ—ਸਾਰੀ ਲੋਕਾਈ। ਤਾ—ਤਦੋਂ। ਥੀਐ—ਹੁੰਦਾ। ਸੰਗਿ—ਨਾਲ। ਵੰਨੀ—ਰੰਗ। ਸਾਚੇ—ਸਦਾ-ਥਿਰ ਦੀ। ਕਿਨਿ—ਕਿਸ ਨੇ? ਕਿਸ ਪਾਸੋਂ? ਕੀਜੈ—ਕੀਤੀ ਜਾ ਸਕਦੀ ਹੈ।7।

ਭੇਖ—ਭੇਖ ਧਾਰਨ ਕੀਤਿਆਂ। ਹਾਥ—ਡੂੰਘਾਈ। ਤੀਰਥਿ—ਤੀਰਥ ਤੇ (ਇਸ਼ਨਾਨ ਕੀਤਿਆਂ)। ਦਾਨੇ—ਦਾਨਿ, ਦਾਨ ਦੀ ਰਾਹੀਂ। ਪੂਛਉ—ਮੈਂ ਪੁੱਛਦਾ ਹਾਂ। ਮੂਠੀ-(ਸਾਰੀ ਲੋਕਾਈ) ਠੱਗੀ ਜਾ ਰਹੀ ਹੈ। ਮਾਨੇ—ਮੰਨੇ। ਵਿਣੁ ਮਾਨੇ—ਮੰਨਣ ਤੋਂ ਬਿਨਾ, ਜਦ ਤਕ ਮਨ ਨਹੀਂ ਮੰਨਦਾ। ਕੀਮਤਿ—ਕਦਰ।8।

ਅਰਥ:- (ਹੇ ਭਾਈ! ਹੁਣੇ ਹੁਣੇ ਵੇਲਾ ਹੈ) ਗੁਰੂ ਦੇ ਸ਼ਬਦ ਦੀ ਵਿਚਾਰ ਸਮਝ, (ਇਥੇ ਸਦਾ) ਟਿਕੇ ਨਹੀਂ ਰਹਿ ਸਕੀਦਾ, (ਜਦੋਂ ਪ੍ਰਭੂ ਦਾ ਹੁਕਮ ਆਇਆ, ਤਦੋਂ) ਇਥੋਂ ਚੱਲਣਾ ਹੀ ਪਏਗਾ। (ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਹੇ ਬੇਅੰਤ ਪ੍ਰਭੂ! ਤੈਨੂੰ ਉਹੀ ਮਨੁੱਖ ਮਿਲ ਸਕਦਾ ਹੈ ਜਿਸ ਨੂੰ ਤੂੰ ਆਪ ਮਿਲਾਏਂ, ਧੁਰ ਤੋਂ ਤੇਰਾ (ਅਜੇਹਾ ਹੀ) ਹੁਕਮ ਹੈ (ਅਜੇਹੀ ਹੀ ਰਜ਼ਾ ਹੈ)।1। ਰਹਾਉ।

ਜਦੋਂ (ਪਰਮਾਤਮਾ ਦਾ) ਹੁਕਮ ਹੋ ਜਾਂਦਾ ਹੈ ਜਦੋਂ (ਕਿਸੇ ਦੀ) ਚਿੱਠੀ ਧੁਰ (ਦਰਗਾਹ) ਤੋਂ ਪਾਟ ਜਾਂਦੀ ਹੈ, ਤਾਂ ਉਹ (ਇਸ ਸੰਸਾਰ ਵਿਚ) ਰਹਿ ਨਹੀਂ ਸਕਦਾ। (ਹੇ ਭਾਈ! ਜਦ ਤਕ ਤੇਰਾ) ਇਹ ਮਨ ਔਗੁਣਾਂ (ਦੀ ਫਾਹੀ) ਵਿਚ ਬੱਝਾ ਹੋਇਆ ਹੈ (ਤਦ ਤਕ ਆਪਣੇ ਇਸ) ਸਰੀਰ ਵਿਚ (ਦੁੱਖ) ਸਹਾਰ। ਜੇਹੜਾ ਮਨੁੱਖ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦੇ ਦਰ ਦਾ ਮੰਗਤਾ ਬਣਦਾ ਹੈ ਉਸ ਦੇ ਸਾਰੇ ਗੁਨਾਹ ਬਖ਼ਸ਼ੇ ਜਾਂਦੇ ਹਨ।1।

(ਪਰ ਅਸਾਂ ਜੀਵਾਂ ਦੇ ਵੱਸ ਦੀ ਗੱਲ ਨਹੀਂ) ਹੇ ਪ੍ਰਭੂ! ਜਿਸ ਹਾਲਤ ਵਿਚ ਤੂੰ ਮੈਨੂੰ ਰੱਖਦਾ ਹੈਂ, ਮੈਂ ਉਸੇ ਹਾਲਤ ਵਿਚ ਰਹਿ ਸਕਦਾ ਹਾਂ, ਜੇਹੜੀ (ਆਤਮਕ ਖ਼ੁਰਾਕ) ਤੂੰ ਮੈਨੂੰ ਦੇਂਦਾ ਹੈਂ ਮੈਂ ਉਹੀ ਖਾਂਦਾ ਹਾਂ। (ਆਤਮਕ ਜੀਵਨ ਦੇ ਰਸਤੇ ਤੇ) ਜਿਸ ਤਰ੍ਹਾਂ ਤੂੰ ਮੈਨੂੰ ਤੋਰਦਾ ਹੈਂ ਮੈਂ ਉਸੇ ਤਰ੍ਹਾਂ ਤੁਰਦਾ ਹਾਂ, ਤੇ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਪਾਂਦਾ ਹਾਂ। ਹੇ ਮੇਰੇ ਠਾਕੁਰ! ਤੇਰੇ ਆਪਣੇ ਹੱਥ ਵਿਚ ਵਡਿਆਈਆਂ ਹਨ (ਜਿਸ ਨੂੰ ਤੂੰ ਵਡਿਆਈ ਬਖ਼ਸ਼ਦਾ ਹੈਂ ਜਿਸ ਨੂੰ ਤੂੰ ਆਪਣੇ ਚਰਨਾਂ ਵਿਚ) ਜੋੜਦਾ ਹੈਂ ਉਸ ਦੇ ਮਨ ਵਿਚ (ਤੇਰੀ ਭਗਤੀ ਦਾ) ਚਾਉ ਪੈਦਾ ਹੋ ਜਾਂਦਾ ਹੈ।2।

(ਪਰਮਾਤਮਾ ਦੀ ਸਿਫ਼ਤਿ-ਸਾਲਾਹ ਛੱਡ ਕੇ ਪਰਮਾਤਮਾ ਦੇ) ਪੈਦਾ ਕੀਤੇ ਹੋਏ ਦੀ ਵਡਿਆਈ ਕਰਨ ਤੋਂ ਕੋਈ (ਆਤਮਕ) ਲਾਭ ਨਹੀਂ ਹੋਵੇਗਾ (ਵਡਿਆਈਆਂ ਉਸ ਕਰਤਾਰ ਦੀਆਂ ਕਰੋ) ਜੋ (ਜਗਤ-ਰਚਨਾ) ਕਰ ਕੇ ਆਪ ਹੀ (ਉਸ ਦੀ) ਸੰਭਾਲ ਭੀ ਕਰਦਾ ਹੈ। ਜਿਸ ਕਰਤਾਰ ਨੇ ਜਗਤ ਰਚਿਆ ਹੈ ਉਹੀ (ਮੇਰੇ) ਮਨ ਵਿਚ ਵੱਸਦਾ ਹੈ। ਮੈਨੂੰ ਉਸ ਵਰਗਾ ਕੋਈ ਹੋਰ ਨਹੀਂ ਦਿੱਸਦਾ। ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ (ਜੇਹੜਾ ਕਰਦਾ ਹੈ ਉਸ ਨੂੰ) ਸਦਾ ਦੀ ਇੱਜ਼ਤ ਮਿਲ ਜਾਂਦੀ ਹੈ।3।

ਪੰਡਿਤ (ਸ਼ਾਸਤ੍ਰ ਪੁਰਾਣ ਆਦਿਕ ਧਰਮ-ਪੁਸਤਕਾਂ ਨਿਰੀਆਂ) ਪੜ੍ਹ ਕੇ (ਉਸ ਅਵਸਥਾ ਤੇ) ਨਹੀਂ ਪਹੁੰਚਦਾ (ਜਿਥੇ ਪਰਮਾਤਮਾ ਨਾਲੋਂ ਵਿਛੋੜਾ ਮੁੱਕ ਜਾਏ, ਕਿਉਂਕਿ ਪੜ੍ਹ ਪੜ੍ਹ ਕੇ ਭੀ) ਉਹ ਮਾਇਆ ਦੇ ਜੰਜਾਲਾਂ ਵਿਚ ਬਹੁਤ ਫਸਿਆ ਰਹਿੰਦਾ ਹੈ। (ਧਰਮ ਸ਼ਾਸਤ੍ਰਾਂ ਅਨੁਸਾਰ) ਪਾਪ ਕੀਹ ਹੈ ਤੇ ਪੁੰਨ ਕੀਹ ਹੈ ਇਹ ਵਿਚਾਰ ਕਰਦਾ ਹੋਇਆ ਭੀ ਉਹ ਦ੍ਵੈਤ ਦੀ ਫਾਹੀ ਵਿਚ ਹੀ ਰਹਿੰਦਾ ਹੈ, ਮਾਇਆ ਦੀ ਭੁੱਖ ਤੇ ਆਤਮਕ ਮੌਤ (ਮੌਤ ਦਾ ਡਰ) ਉਸ ਦੇ ਸਿਰ ਤੇ ਕਾਇਮ ਰਹਿੰਦੇ ਹਨ।

ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ ਤੇ ਸਹਿਮ ਉਸ ਮਨੁੱਖ ਦਾ ਹੀ ਮੁੱਕਦਾ ਹੈ ਜਿਸ ਦੇ ਮਨ ਵਿਚ ਹਰ ਤਰ੍ਹਾਂ ਰੱਖਿਆ ਕਰਨ ਵਾਲਾ ਪਰਮਾਤਮਾ ਵੱਸਿਆ ਰਹਿੰਦਾ ਹੈ।4।

ਹੇ ਭਾਈ! ਕੀਤੇ ਕਰਮਾਂ ਦਾ ਹਿਸਾਬ ਹੋਣ ਤੇ ਜਿਨ੍ਹਾਂ ਨੂੰ ਇੱਜ਼ਤ ਮਿਲਦੀ ਹੈ ਉਹ ਪੂਰੇ ਭਾਂਡੇ ਸਮਝੇ ਜਾਂਦੇ ਹਨ। ਅਜੇਹੇ ਪੂਰਨ ਗੁਣਵਾਨ ਮਨੁੱਖ ਨੂੰ ਪਰਮਾਤਮਾ ਦੇ ਦਰ ਤੋਂ ਮਤਿ ਭੀ ਪੂਰੀ ਹੀ ਮਿਲਦੀ ਹੈ (ਜਿਸ ਕਰਕੇ ਉਹ ਭੁੱਲਣ ਵਾਲੇ ਜੀਵਨ-ਰਾਹ ਤੇ ਨਹੀਂ ਪੈਂਦਾ) ਤੇ ਸਦਾ-ਥਿਰ ਰਹਿਣ ਵਾਲੀ ਇੱਜ਼ਤ ਪ੍ਰਾਪਤ ਹੁੰਦੀ ਹੈ। (ਉਹ ਪਰਮਾਤਮਾ ਬੇਅੰਤ ਦਾਤਾਂ ਦਾ ਮਾਲਕ ਹੈ, ਜੀਵ ਨੂੰ) ਸਦਾ ਦੇਂਦਾ ਹੈ (ਉਸ ਦੇ ਖ਼ਜ਼ਾਨੇ ਵਿਚ) ਘਾਟਾ ਨਹੀਂ ਪੈਂਦਾ, ਜੀਵ ਦਾਤਾਂ ਲੈ ਲੈ ਕੇ ਥੱਕ ਜਾਂਦਾ ਹੈ।5।

(ਇਸ ਗੱਲ ਦੀ ਬੜੀ ਵਡਿਆਈ ਕੀਤੀ ਜਾਂਦੀ ਹੈ ਕਿ ਦੇਵਤਿਆਂ ਨੇ ਸਮੁੰਦਰ ਰਿੜਕਿਆ ਤੇ ਉਸ ਵਿਚੋਂ ਚੌਦਾਂ ਰਤਨ ਨਿਕਲੇ, ਭਲਾ) ਜੇ ਖਾਰਾ ਸਮੁੰਦਰ ਰਿੜਕਿਆ ਜਾਏ, ਉਸ ਵਿਚੋਂ ਕੋਈ ਮਨੁੱਖ ਇਕ ਰਤਨ ਲੱਭ ਲਏ (ਤਾਂ ਭੀ ਆਖ਼ਰ ਕੇਹੜੀ ਮੱਲ ਮਾਰ ਲਈ? ਉਹ ਰਤਨ) ਦੋ ਚਾਰ ਦਿਨ ਹੀ ਸੋਹਣਾ ਲੱਗਦਾ ਹੈ (ਅੰਤ) ਉਸ ਰਤਨ ਨੂੰ ਕਦੇ ਮਿੱਟੀ ਹੀ ਖਾ ਜਾਂਦੀ ਹੈ।

(ਸਤਿਗੁਰੂ ਅਸਲ ਸਮੁੰਦਰ ਹੈ) ਜੇ ਸਤਿਗੁਰੂ ਸਮੁੰਦਰ ਨੂੰ ਸੇਵਿਆ ਜਾਏ (ਜੇ ਗੁਰੂ-ਸਮੁੰਦਰ ਦੀ ਸਰਨ ਪਈਏ, ਤਾਂ ਗੁਰੂ-ਸਮੁੰਦਰ ਐਸਾ ਨਾਮ-ਰਤਨ) ਦੇਂਦਾ ਹੈ ਜਿਸ ਨੂੰ ਕਦੇ ਘਾਟਾ ਨਹੀਂ ਪੈ ਸਕਦਾ।6।

ਸਾਰੀ ਲੋਕਾਈ (ਮਾਇਆ ਦੇ ਮੋਹ ਦੀ) ਮੈਲ ਨਾਲ ਭਰੀ ਹੋਈ ਹੈ, ਸਿਰਫ਼ ਉਹ ਬੰਦੇ ਸਾਫ਼-ਸੁਥਰੇ ਹਨ ਜੇਹੜੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ। (ਮਾਇਆ ਦੇ ਮੋਹ ਨਾਲ) ਮਲੀਨ-ਮਨ ਹੋਇਆ ਬੰਦਾ ਤਦੋਂ ਹੀ ਪਵਿਤ੍ਰ ਹੋ ਸਕਦਾ ਹੈ ਜਦੋਂ ਉਹ ਗੁਰੂ-ਪਾਰਸ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ ਨਾਮ-ਅੰਮ੍ਰਿਤ ਨਾਲ) ਭਿੱਜਦਾ ਹੈ। ਸਦਾ-ਥਿਰ ਪ੍ਰਭੂ-ਲਾਲ ਦਾ ਨਾਮ-ਰੰਗ ਉਸ ਨੂੰ ਐਸਾ ਚੜ੍ਹਦਾ ਹੈ ਕਿ ਕਿਸੇ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ।7।

ਪਰ ਉਸ ਨਾਮ-ਰੰਗ ਦੀ ਡੂੰਘਾਈ ਬਾਹਰਲੇ ਧਾਰਮਿਕ ਪਹਿਰਾਵਿਆਂ ਨਾਲ ਨਹੀਂ ਲੱਭ ਸਕਦੀ, ਤੀਰਥ ਤੇ ਇਸ਼ਨਾਨ ਕੀਤਿਆਂ ਤੇ ਦਾਨ-ਪੁੰਨ ਕੀਤਿਆਂ ਭੀ ਨਹੀਂ ਲੱਭਦੀ। ਮੈਂ ਵੇਦ ਪੜ੍ਹਨ ਵਾਲਿਆਂ ਤੋਂ ਇਹ ਭੇਦ ਪੁੱਛਦਾ ਹਾਂ (ਧਾਰਮਿਕ ਪੁਸਤਕਾਂ ਪੜ੍ਹਨ ਨਾਲ ਭੀ ਨਾਮ-ਰੰਗ ਦੀ ਡੂੰਘਾਈ ਦੀ ਸਮਝ ਨਹੀਂ ਪੈਂਦੀ)। ਜਦ ਤਕ ਨਾਮ-ਰੰਗ ਵਿਚ ਮਨ ਨਹੀਂ ਮੰਨਦਾ (ਮਨ ਨਹੀਂ ਭਿੱਜਦਾ ਤਦ ਤਕ ਸਾਰੀ ਲੋਕਾਈ ਹੀ ਮਾਇਆ-ਮੋਹ ਵਿਚ) ਠੱਗੀ ਜਾ ਰਹੀ ਹੈ।

ਹੇ ਨਾਨਕ! ਨਾਮ-ਰੰਗ ਦੀ ਕਦਰ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਪੂਰਾ ਗੁਰੂ ਮਿਲਦਾ ਹੈ ਤੇ (ਗੁਰੂ ਦੀ ਰਾਹੀਂ ਪਰਮਾਤਮਾ ਨਾਲ) ਡੂੰਘੀ ਸਾਂਝ ਪ੍ਰਾਪਤ ਹੁੰਦੀ ਹੈ।8।6।